# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 03-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਮਹੀਨਾਵਾਰ ਰੇਡੀਓ ਪ੍ਰੋਗਰਾਮ, **ਮਨ ਕੀ ਬਾਤ**, ਨੂੰ ਅੱਜ 11 ਸਾਲ ਪੂਰੇ ਹੋ ਗਏ ਨੇ। **ਮਨ ਕੀ ਬਾਤ** ਦਾ ਪਹਿਲਾ ਐਪੀਸੋਡ 3 ਅਕਤੂਬਰ, 2014 ਨੂੰ ਵਿਜੇਦਸ਼ਮੀ ਮੌਕੇ ਪ੍ਰਸਾਰਿਤ ਕੀਤਾ ਗਿਆ ਸੀ। ਹੁਣੇ ਜਿਹੇ, ਪ੍ਰਧਾਨ ਮੰਤਰੀ ਮੋਦੀ ਨੇ ਇਸ ਪ੍ਰੋਗਰਾਮ ਦੇ 126ਵੇਂ ਐਪੀਸੋਡ ਵਿਚ ਦੇਸ਼ ਨੂੰ ਸੰਬੋਧਨ ਕੀਤਾ ਸੀ। ਇਹ ਸਿਰਫ਼ ਰੇਡੀਓ ਪ੍ਰੋਗਰਾਮ ਨਹੀਂ, ਸਗੋਂ ਸੱਭਿਆਚਾਰਕ ਤੇ ਸਮਾਜਿਕ ਤਬਦੀਲੀ ਦਾ ਪ੍ਰਤੀਕ ਏ ਅਤੇ ਸਰਕਾਰ ਤੇ ਨਾਗਰਿਕਾਂ ਵਿਚਾਲੇ ਸਿੱਧਾ ਰਾਬਤਾ ਕਾਇਮ ਕਰਦਾ ਏ।

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਿੱਖ ਸ਼ਰਧਾਲੂਆਂ ਲਈ ਪਾਕਿਸਤਾਨ ਸਥਿਤ ਨਨਕਾਣਾ ਸਾਹਿਬ ਦੀ ਯਾਤਰਾ ਮੁੜ ਸ਼ੁਰੂ ਕਰਨ ਉੱਤੇ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਇਕਾਈ ਦੇ ਮੀਤ

ਪ੍ਰਧਾਨ ਡਾ. ਸੁਭਾਸ਼ ਸ਼ਰਮਾ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਮੇਸ਼ਾਂ ਸਿੱਖ ਸਮਾਜ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੇ ਆਏ ਨੇ। ਬੀ.ਜੇ.ਪੀ. ਆਗੂ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਿੱਖ ਸ਼ਰਧਾਲੂਆਂ ਲਈ ਸ੍ਰੀ ਨਨਕਾਣਾ ਸਾਹਿਬ ਯਾਤਰਾ ਮੁੜ ਸ਼ੁਰੂ ਕਰਨ ਦਾ ਫ਼ੈਸਲਾ ਇਤਿਹਾਸਕ ਏ ਕਿਉਂਕਿ ਇਸ ਨਾਲ ਸਿੱਖਾਂ ਨੂੰ ਪਹਿਲੇ ਪਾਤਸ਼ਾਹ ਦੇ ਜਨਮ ਸਥਾਨ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਸਕੇਗਾ।

----------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਏ ਕਿ ਸੂਬਾ ਸਰਕਾਰ ਵੱਲੋਂ "ਉੱਨਤ ਕਿਸਾਨ" ਮੋਬਾਈਲ ਐਪ ਉੱਤੇ 85 ਹਜ਼ਾਰ ਤੋਂ ਵੱਧ **ਇਨ-ਸੀਟੂ ਅਤੇ ਐਕਸ-ਸੀਟੂ** ਫਸਲੀ ਰਹਿੰਦ-ਖੂੰਹਦ ਪ੍ਰਬੰਧ ਮਸ਼ੀਨਾਂ ਦੀ ਮੈਪਿੰਗ ਕੀਤੀ ਗਈ ਏ।ਜ਼ਿਕਰਯੋਗ ਕਿ ਇਹ ਮੋਬਾਈਲ ਐਪ ਵਨ-ਸਟਾਪ ਪਲੇਟਫਾਰਮ ਏ, ਜੋ ਪਾਏਦਾਰ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਤ ਕਰਨ ਅਤੇ ਹਵਾ ਪ੍ਰਦੂਸ਼ਣ ਨੂੰ ਘਟਾਉਣ ਲਈ ਛੋਟੇ ਕਿਸਾਨਾਂ ਤੱਕ ਇਹਨਾਂ ਮਸ਼ੀਨਾਂ ਦੀ ਪਹੁੰਚ ਨੂੰ ਹੋਰ ਆਸਾਨ ਬਣਾਉਣ ਲਈ ਤਿਆਰ ਕੀਤੀ ਗਈ ਏ । ਸ੍ਰੀ ਖੁੱਡੀਆਂ ਨੇ ਦੱਸਿਆ ਕਿ ਇਹ ਪਹਿਲਕਦਮੀ ਕਿਸਾਨਾਂ ਨੂੰ ਆਪਣੇ

ਮੋਬਾਈਲ ਫੋਨਾਂ ਰਾਹੀਂ ਸੀ.ਆਰ.ਐੱਮ. ਮਸ਼ੀਨਾਂ ਨੂੰ ਆਸਾਨੀ ਨਾਲ ਬੁੱਕ ਕਰਨ ਦੀ ਸਹੂਲਤ ਦਿੰਦੀ ਏ । ਹਰੇਕ ਮਸ਼ੀਨ ਨੂੰ ਕਾਸ਼ਤਯੋਗ ਜ਼ਮੀਨ ਦੇ ਖੇਤਰ ਮੁਤਾਬਕ ਜੀਓ-ਟੈਗ ਕੀਤਾ ਜਾਂਦਾ ਏ , ਜਿਸ ਨਾਲ ਫਸਲੀ ਰਹਿੰਦ-ਖੂੰਹਦ ਪ੍ਰਬੰਧ ਗਤੀਵਿਧੀਆਂ ਦੀ ਨਿਗਰਾਨੀ ਤੇ ਦਸਤਾਵੇਜ਼ੀਕਰਨ ਦੀ ਸਹੂਲਤ ਮਿਲਦੀ ਏ । 5,000 ਤੋਂ ਵੱਧ ਪਿੰਡ ਪੱਧਰੀ ਕਲੱਸਟਰ ਅਫਸਰ, ਕਿਸਾਨਾਂ ਨੂੰ ਜ਼ਮੀਨੀ ਪੱਧਰ ‘ਤੇ ਮਦਦ ਮੁਹੱਈਆ ਕਰਵਾਉਣ ਤੋਂ ਇਲਾਵਾ ਸਬੰਧਤ ਗਤੀਵਿਧੀਆਂ ਦੀ ਨਿਗਰਾਨੀ ਕਰਦੇ ਨੇ।

---------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ ਦੇ 47 ਕੈਡਿਟਾਂ ਨੇ ਐਨ.ਡੀ.ਏ.-156 ਕੋਰਸ ਲਈ ਰਾਸ਼ਟਰੀ ਰੱਖਿਆ ਅਕਾਦਮੀ ਦੀ ਲਿਖਤੀ ਪ੍ਰੀਖਿਆ ਪਾਸ ਕੀਤੀ ਏ । ਇਸ ਸਬੰਧੀ ਯੂ.ਪੀ.ਐਸ.ਸੀ. ਵੱਲੋਂ ਕੱਲ੍ਹ ਦੇਰ ਸ਼ਾਮ ਨਤੀਜੇ ਐਲਾਨੇ ਗਏ ਸਨ। ਇਹ ਕੋਰਸ ਅਗਲੇ ਸਾਲ ਜੂਨ ਵਿਚ ਸ਼ੁਰੂ ਹੋਵੇਗਾ। ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਏ ਕਿ ਇਸ ਸੰਸਥਾ ਦੇ 57 ਵਿੱਚੋਂ 47 ਕੈਡਿਟਾਂ ਨੇ 82.45 ਫੀਸਦੀ ਦੀ ਸ਼ਾਨਦਾਰ ਸਫਲਤਾ

ਦਰ ਨਾਲ ਪ੍ਰੀਖਿਆ ਪਾਸ ਕੀਤੀ ਏ। ਸੰਸਥਾ ਦੇ ਡਾਇਰੈਕਟਰ ਸੇਵਾਮੁਕਤ ਮੇਜਰ ਜਨਰਲ ਅਜੈ ਐੱਚ. ਚੌਹਾਨ ਨੇ ਕਿਹਾ ਏ ਕਿ ਕੈਡਿਟ ਜਲਦੀ ਹੀ ਇੰਟਰਵਿਊ ਦੇਣਗੇ।

-----------------------------------------------------

ਪਠਾਨਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਨੇ ਲੋਕਾਂ ਨੂੰ ਨਹਿਰਾਂ ਅਤੇ ਦਰਿਆਵਾਂ ਦੇ ਕਿਨਾਰਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਰਣਜੀਤ ਸਾਗਰ ਡੈਮ ਵਿਚ 35 ਹਜਾਰ ਕਿਊਸਿਕ ਪਾਣੀ ਛੱਡਿਆ ਜਾ ਰਿਹਾ ਏ ਅਤੇ ਡੈਮ ਦੇ 3 ਗੇਟ ਖੋਲ੍ਹ ਕੇ ਰਾਵੀ ਦਰਿਆ ਵਿਚ ਪਾਣੀ ਛੱਡਿਆ ਜਾ ਰਿਹਾ ਏ। ਰਣਜੀਤ ਸਾਗਰ ਡੈਮ ਦੀ ਝੀਲ ਵਿਚ ਪਾਣੀ ਦਾ ਪੱਧਰ ਲਗਭਗ 523 ਮੀਟਰ ਉੱਤੇ ਏ ਹਾਲਾਂਕਿ ਖ਼ਤਰੇ ਦਾ ਨਿਸ਼ਾਨ 527 ਮੀਟਰ ਉੱਤੇ ਏ। ਉਨ੍ਹਾਂ ਕਿਹਾ ਕਿ ਅਹਿਤਿਆਤ ਵਜੋਂ ਇਹ ਕਦਮ ਚੁੱਕੇ ਜਾ ਰਹੇ ਨੇ।

-----------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੱਲ੍ਹ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪਿੰਡ ਭੱਲੜੀ ਨੇੜੇ ਸਵਾਂ ਨਦੀ ਉੱਤੇ ਉੱਚ-ਪੱਧਰੀ ਪੁਲ ਦਾ ਨੀਂਹ-ਪੱਥਰ ਰੱਖਿਆ। ਮੰਤਰੀ ਨੇ ਦੱਸਿਆ ਕਿ 511 ਮੀਟਰ ਲੰਬਾ

ਇਹ ਪੁਲ ਭੱਲੜੀ ਨੂੰ ਮਹਿੰਦਪੁਰ-ਖੇੜਾ ਕਲਮੋਟ ਨਾਲ ਜੋੜੇਗਾ, ਜਿਸ ਨਾਲ ਖੇੜਾ ਕਲਮੋਟ, ਭੰਗਲਾ ਅਤੇ ਮਾਜਰੀ ਵਰਗੇ ਸਰਹੱਦੀ ਖੇਤਰਾਂ ਨਾਲ ਸੰਪਰਕ ਵਧੇਗਾ। ਇਸ ਮੌਕੇ ਮੰਤਰੀ ਬੈਂਸ ਨੇ ਦੋ ਹੋਰ ਪੁਲਾਂ ਦਾ ਨੀਂਹ-ਪੱਥਰ ਰੱਖਣ ਸਬੰਧੀ ਐਲਾਨ ਕੀਤਾ ਤੇ ਦੱਸਿਆ ਕਿ ਕਲਿਤਰਾਂ ਤੋਂ ਪਲਾਸੀ ਤੱਕ 20 ਕਰੋੜ ਰੁਪਏ ਦੀ ਲਾਗਤ ਵਾਲੇ 333 ਮੀਟਰ ਲੰਬੇ ਪੁਲ ਦਾ ਨੀਂਹ ਪੱਥਰ 4 ਅਕਤੂਬਰ ਨੂੰ ਰੱਖਿਆ ਜਾਵੇਗਾ। ਬੇਲਾ ਧਿਆਨੀ ਤੋਂ ਪਲਾਸੀ ਤੱਕ 180 ਮੀਟਰ ਲੰਬੇ ਪੁਲ ਦਾ ਨੀਂਹ ਪੱਥਰ 7 ਅਕਤੂਬਰ ਨੂੰ ਮਹਾਰਿਸ਼ੀ ਵਾਲਮੀਕਿ ਜੈਅੰਤੀ ਮੌਕੇ ‘ਤੇ ਰੱਖਿਆ ਜਾਵੇਗਾ।

---------------------------------------------------------

ਬਠਿੰਡਾ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧਾਂ ਦੇ ਮੱਦੇਨਜ਼ਰ ਪਿੰਡ ਨੇਹੀਆਂਵਾਲਾ ਵਿਚ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਐੱਸ.ਡੀ.ਐੱਮ. ਬਲਕਰਨ ਸਿੰਘ ਮਾਹਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨਾ ਸਾੜਨ, ਸਗੋਂ ਇਸ ਦਾ ਪ੍ਰਬੰਧ ਇਨ-ਸੀਟੂ ਜਾਂ ਐਕਸ-ਸੀਟੂ ਤਰੀਕਿਆਂ ਨਾਲ ਕਰਨ। ਖੇਤੀਬਾੜੀ ਵਿਕਾਸ ਅਫਸਰ ਡਾ. ਜਗਤ ਸਿੰਘ ਨੇ ਕਿਸਾਨਾਂ ਨੂੰ ਬਹੁਮੁੱਲੀ ਜਾਣਕਾਰੀ ਦਿੱਤੀ।